# Telephone Conversation between PM and Prime Minister of Japan

April 10, 2020

........................................................................................................

## ਪ੍ਰਧਾਨ ਮੰਤਰੀ ਅਤੇ ਜਾਪਾਨੀ ਪ੍ਰਧਾਨ ਮੰਤਰੀ ਵਿਚਾਲੇ ਟੈਲੀਫੋਨ 'ਤੇ ਗੱਲਬਾਤ

10 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਜਾਪਾਨ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼ਿੰਜੋ ਆਬੇ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ

ਦੋਨਾਂ ਆਗੂਆਂ ਨੇ ਕੋਵਿਡ -19 ਮਹਾਂਮਾਰੀ ਤੋਂ ਉਪਜੀਆਂ ਵਿਸ਼ਵਵਿਆਪੀ ਸਿਹਤ ਅਤੇ ਆਰਥਿਕ ਚੁਣੌਤੀਆਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਨੇ ਇਸ ਸੰਕਟ ਨਾਲ ਨਜਿੱਠਣ ਲਈ ਆਪੋ -ਆਪਣੇ ਦੇਸ਼ਾਂ ’ਚ ਚੁੱਕੇ ਕਦਮਾਂ ਬਾਰੇ ਵੀ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਆਪੋ ਆਪਣੇ ਦੇਸ਼ਾਂ ਵਿੱਚ ਮੌਜੂਦ ਇੱਕ ਦੂਜੇ ਦੇ ਨਾਗਰਿਕਾਂ ਨੂੰ ਮੌਜੂਦਾ ਸੰਕਟ ਦੌਰਾਨ ਦਿੱਤੀ ਗਈ ਮਦਦ ਦੀ ਸ਼ਲਾਘਾ ਕੀਤੀ ਅਤੇ ਅਜਿਹਾ ਤਾਲਮੇਲ ਜਾਰੀ ਰੱਖਣ ਤੇ ਸਹਿਮਤੀ ਦਿੱਤੀ।

ਦੋਨੋਂ ਆਗੂ ਇਸ ਗੱਲ 'ਤੇ ਸਹਿਮਤ ਸਨ ਕਿ ਦੁਨੀਆਂ ਨੂੰ ਇਸ ਮਹਾਂਮਾਰੀ ਤੋਂ ਪੈਦਾ ਹੋਈਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਭਾਰਤ-ਜਾਪਾਨ ਭਾਈਵਾਲੀ ਮਹੱਤਵਪੂਰਨ ਭੂਮਿਕਾ ਅਦਾ ਕਰ ਸਕਦੀ ਹੈ।

ਨਵੀਂ ਦਿੱਲੀ

10 ਅਪ੍ਰੈਲ, 2020

DISCLAIMER : This is an approximate translation. The original is available in English on MEA’s website and may be referred to as the official press release.